**ਬਿਲਾਵਲੁ ਮਹਲਾ ੪ ॥ ਗੁਰਮੁਖਿ ਅਗਮ ਅਗੋਚਰੁ ਧਿਆਇਆ ਹਉ ਬਲਿ ਬਲਿ ਸਤਿਗੁਰ ਸਤਿ ਪੁਰਖਈਆ ॥ ਰਾਮ ਨਾਮੁ ਮੇਰੈ ਪ੍ਰਾਣਿ ਵਸਾਏ ਸਤਿਗੁਰ ਪਰਸਿ ਹਰਿ ਨਾਮਿ ਸਮਈਆ ॥੧॥ ਜਨ ਕੀ ਟੇਕ ਹਰਿ ਨਾਮੁ ਟਿਕਈਆ ॥ ਸਤਿਗੁਰ ਕੀ ਧਰ ਲਾਗਾ ਜਾਵਾ ਗੁਰ ਕਿਰਪਾ ਤੇ ਹਰਿ ਦਰੁ ਲਹੀਆ ॥੧॥ ਰਹਾਉ ॥ ਇਹੁ ਸਰੀਰੁ ਕਰਮ ਕੀ ਧਰਤੀ ਗੁਰਮੁਖਿ ਮਥਿ ਮਥਿ ਤਤੁ ਕਢਈਆ ॥ ਲਾਲੁ ਜਵੇਹਰ ਨਾਮੁ ਪ੍ਰਗਾਸਿਆ ਭਾਂਡੈ ਭਾਉ ਪਵੈ ਤਿਤੁ ਅਈਆ ॥੨॥** {ਪੰਨਾ 834}

ਪਦਅਰਥ:- ਗੁਰਮੁਖਿ—ਗੁਰੂ ਦੀ ਰਾਹੀਂ, ਗੁਰੂ ਦੀ ਸਰਨ ਪੈ ਕੇ। ਅਗਮ—ਅਪਹੁੰਚ। ਅਗੋਚਰੁ—{ਅ-ਗੋ-ਚਰੁ। ਗੋ—ਗਿਆਨ-ਇੰਦ੍ਰੇ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਹਉ—ਹਉਂ, ਮੈਂ। ਬਲਿ ਬਲਿ—ਸਦਕੇ। ਮੇਰੈ ਪ੍ਰਾਣਿ—ਮੇਰੀ ਜਿੰਦ ਵਿਚ, ਮੇਰੇ ਹਰੇਕ ਸੁਆਸ ਵਿਚ। ਪਰਸਿ—ਛੁਹ ਕੇ। ਨਾਮਿ—ਨਾਮ ਵਿਚ।1।

ਟੇਕ—ਆਸਰਾ। ਟਿਕਈਆ—ਟਿਕਾ ਦਿੱਤੀ ਹੈ, ਬਣਾ ਦਿੱਤੀ ਹੈ। ਧਰ—ਆਸਰਾ। ਜਾਵਾ—ਜਾਵਾਂ, ਮੈਂ ਜਾਂਦਾ ਹਾਂ, ਮੈਂ (ਜੀਵਨ-ਪੰਧ ਤੇ) ਤੁਰਿਆ ਜਾ ਰਿਹਾ ਹਾਂ। ਧਰ ਲਾਗਾ—ਪੱਲਾ ਫੜੀ। ਤੇ—ਤੋਂ, ਦੀ ਰਾਹੀਂ। ਲਹੀਆ—ਲੱਭ ਲਿਆ ਹੈ।1। ਰਹਾਉ।

ਮਥਿ—ਰਿੜਕ ਕੇ, ਸੋਧ ਕੇ। ਤਤੁ—ਮੱਖਣ, ਉੱਚਾ ਆਤਮਕ ਜੀਵਨ। ਪ੍ਰਗਾਸਿਆ—ਪਰਕਾਸ਼ ਕਰ ਦਿੱਤਾ ਹੈ (ਗੁਰੂ ਨੇ), ਪਰਗਟ ਕਰ ਦਿੱਤਾ ਹੈ। ਭਾਂਡੈ ਤਿਤੁ—ਤਿਤੁ ਭਾਂਡੈ, ਉਸ (ਹਿਰਦਾ-) ਭਾਂਡੇ ਵਿਚ। ਭਾਉ—ਪਿਆਰ, ਪ੍ਰੇਮ। ਅਈਆ—ਆ ਪਿਆ ਹੈ।2।

ਅਰਥ:- ਹੇ ਭਾਈ! ਮੈਂ ਗੁਰੂ ਦਾ ਪੱਲਾ ਫੜ ਕੇ (ਜੀਵਨ-ਪੰਧ ਤੇ) ਤੁਰਿਆ ਜਾ ਰਿਹਾ ਹਾਂ, ਗੁਰੂ ਦੀ ਮਿਹਰ ਨਾਲ ਮੈਂ ਪਰਮਾਤਮਾ (ਦੇ ਮਹਲ) ਦਾ ਦਰਵਾਜ਼ਾ ਲੱਭ ਲਿਆ ਹੈ। (ਗੁਰੂ ਨੇ) ਪਰਮਾਤਮਾ ਦਾ ਨਾਮ (ਮੈਂ) ਦਾਸ (ਦੀ ਜ਼ਿੰਦਗੀ) ਦਾ ਸਹਾਰਾ ਬਣਾ ਦਿੱਤਾ ਹੈ।1। ਰਹਾਉ।

ਹੇ ਭਾਈ! ਮੈਂ ਗੁਰੂ ਮਹਾ ਪੁਰਖ ਤੋਂ ਸਦਕੇ ਜਾਂਦਾ ਹਾਂ, ਕੁਰਬਾਨ ਜਾਂਦਾ ਹਾਂ। ਗੁਰੂ ਦੀ ਸਰਨ ਪੈ ਕੇ ਮੈਂ ਉਸ ਅਪਹੁੰਚ ਪ੍ਰਭੂ ਦਾ ਨਾਮ ਸਿਮਰ ਰਿਹਾ ਹਾਂ ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਗੁਰੂ ਨੇ ਪਰਮਾਤਮਾ ਦਾ ਨਾਮ ਮੇਰੇ ਹਰੇਕ ਸੁਆਸ ਵਿਚ ਵਸਾ ਦਿੱਤਾ ਹੈ। ਗੁਰੂ (ਦੇ ਚਰਨਾਂ) ਨੂੰ ਛੁਹ ਕੇ ਪਰਮਾਤਮਾ ਦੇ ਨਾਮ ਵਿਚ ਮੈਂ ਲੀਨ ਰਹਿੰਦਾ ਹਾਂ।1।

ਹੇ ਭਾਈ! ਇਹ (ਮਨੁੱਖਾ) ਸਰੀਰ (ਇਕ ਅਜਿਹੀ) ਧਰਤੀ ਹੈ ਜਿਸ ਵਿਚ (ਰੋਜ਼ਾਨਾ ਕੀਤੇ ਜਾ ਰਹੇ) ਕਰਮ (-ਬੀਜ) ਬੀਜੇ ਜਾ ਰਹੇ ਹਨ। (ਜਿਵੇਂ) ਦੁੱਧ ਨੂੰ ਰਿੜਕ ਰਿੜਕ ਕੇ ਮੱਖਣ ਕੱਢ ਲਈਦਾ ਹੈ (ਤਿਵੇਂ,) ਗੁਰੂ ਦੀ ਸਰਨ ਪੈ ਕੇ (ਇਹਨਾਂ ਰੋਜ਼ਾਨਾ ਕੀਤੇ ਜਾ ਰਹੇ ਕਰਮਾਂ ਨੂੰ ਸੋਧ ਸੋਧ ਕੇ ਉੱਚਾ ਆਤਮਕ ਜੀਵਨ ਪ੍ਰਾਪਤ ਕਰ ਲਈਦਾ ਹੈ)। (ਜਿਸ ਹਿਰਦੇ-ਰੂਪ ਭਾਂਡੇ ਵਿਚ ਗੁਰੂ ਪਰਮਾਤਮਾ ਦਾ) ਮਹਾਨ ਕੀਮਤੀ ਨਾਮ ਪਰਗਟ ਕਰ ਦੇਂਦਾ ਹੈ, ਉਸ (ਹਿਰਦਾ-) ਭਾਂਡੇ ਵਿਚ ਪ੍ਰੇਮ ਆ ਵੱਸਦਾ ਹੈ।2।

**ਦਾਸਨਿ ਦਾਸ ਦਾਸ ਹੋਇ ਰਹੀਐ ਜੋ ਜਨ ਰਾਮ ਭਗਤ ਨਿਜ ਭਈਆ ॥ ਮਨੁ ਬੁਧਿ ਅਰਪਿ ਧਰਉ ਗੁਰ ਆਗੈ ਗੁਰ ਪਰਸਾਦੀ ਮੈ ਅਕਥੁ ਕਥਈਆ ॥੩॥ ਮਨਮੁਖ ਮਾਇਆ ਮੋਹਿ ਵਿਆਪੇ ਇਹੁ ਮਨੁ ਤ੍ਰਿਸਨਾ ਜਲਤ ਤਿਖਈਆ ॥ ਗੁਰਮਤਿ ਨਾਮੁ ਅੰਮ੍ਰਿਤ ਜਲੁ ਪਾਇਆ ਅਗਨਿ ਬੁਝੀ ਗੁਰ ਸਬਦਿ ਬੁਝਈਆ ॥੪॥** {ਪੰਨਾ 834}

ਪਦਅਰਥ:- ਹੋਇ—ਹੋ ਕੇ, ਬਣ ਕੇ। ਰਹੀਐ—ਰਹਿਣਾ ਚਾਹੀਦਾ ਹੈ। ਜੋ ਜਨ—ਜਿਹੜੇ ਮਨੁੱਖ। ਨਿਜ—ਆਪਣੇ ਖ਼ਾਸ। ਅਰਪਿ—ਅਰਪਣ ਕਰ ਕੇ, ਭੇਟਾ ਕਰ ਕੇ। ਧਰਉ—ਧਰਉਂ, ਮੈਂ ਧਰਦਾ ਹਾਂ। ਪਰਸਾਦੀ—ਕਿਰਪਾ ਨਾਲ

ਹੀ। ਅਕਥੁ—ਜਿਸ ਦਾ ਸਹੀ ਸਰੂਪ ਬਿਆਨ ਨਾਹ ਕੀਤਾ ਜਾ ਸਕੇ। ਕਥਈਆ—ਮੈਂ ਸਿਫ਼ਤਿ-ਸਾਲਾਹ ਕਰ ਰਿਹਾ ਹਾਂ।3।

ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ। ਮੋਹਿ—ਮੋਹ ਵਿਚ। ਵਿਆਪੇ—ਫਸੇ ਰਹਿੰਦੇ ਹਨ। ਤਿਖਈਆ—ਤਿਖਾ, ਤ੍ਰਿਸ਼ਨਾ। ਅੰਮ੍ਰਿਤ ਜਲੁ—ਆਤਮਕ ਜੀਵਨ ਦੇਣ ਵਾਲਾ ਜਲ। ਅਗਨਿ—(ਤ੍ਰਿਸ਼ਨਾ ਦੀ) ਅੱਗ। ਗੁਰ ਸਬਦਿ—ਗੁਰੂ ਦੇ ਸ਼ਬਦ ਨੇ।4।

ਅਰਥ:- ਹੇ ਭਾਈ! ਜੇਹੜੇ ਮਨੁੱਖ (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੇ ਖ਼ਾਸ ਭਗਤ ਬਣ ਜਾਂਦੇ ਹਨ, ਉਹਨਾਂ ਦੇ ਦਾਸਾਂ ਦੇ ਦਾਸਾਂ ਦੇ ਦਾਸ ਬਣ ਕੇ ਰਹਿਣਾ ਚਾਹੀਦਾ ਹੈ। ਮੈਂ (ਆਪਣੇ) ਗੁਰੂ ਦੇ ਅੱਗੇ (ਆਪਣਾ) ਮਨ ਭੇਟਾ ਕਰ ਦਿੱਤਾ ਹੈ, ਆਪਣੀ ਅਕਲ ਭੇਟਾ ਕਰ ਦਿੱਤੀ ਹੈ। ਗੁਰੂ ਦੀ ਕਿਰਪਾ ਨਾਲ ਹੀ ਮੈਂ ਉਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹਾਂ, ਜਿਸ ਦਾ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ।3।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਸਦਾ) ਮਾਇਆ ਦੇ ਮੋਹ ਵਿਚ ਫਸੇ ਰਹਿੰਦੇ ਹਨ, (ਉਹਨਾਂ ਦਾ) ਇਹ ਮਨ (ਮਾਇਆ ਦੀ) ਤ੍ਰਿਸ਼ਨਾ (ਦੀ ਅੱਗ) ਵਿਚ ਸੜਦਾ ਰਹਿੰਦਾ ਹੈ। (ਜਿਸ ਮਨੁੱਖ ਨੇ) ਗੁਰੂ ਦੀ ਸਿੱਖਿਆ ਲੈ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਲੱਭ ਲਿਆ, (ਉਸ ਦੇ ਅੰਦਰੋਂ ਤ੍ਰਿਸ਼ਨਾ ਦੀ) ਅੱਗ ਬੁੱਝ ਗਈ, ਗੁਰੂ ਦੇ ਸ਼ਬਦ ਨੇ ਬੁਝਾ ਦਿੱਤੀ।4।

**ਇਹੁ ਮਨੁ ਨਾਚੈ ਸਤਿਗੁਰ ਆਗੈ ਅਨਹਦ ਸਬਦ ਧੁਨਿ ਤੂਰ ਵਜਈਆ ॥ ਹਰਿ ਹਰਿ ਉਸਤਤਿ ਕਰੈ ਦਿਨੁ ਰਾਤੀ ਰਖਿ ਰਖਿ ਚਰਣ ਹਰਿ ਤਾਲ ਪੂਰਈਆ ॥ ੫॥ ਹਰਿ ਕੈ ਰੰਗਿ ਰਤਾ ਮਨੁ ਗਾਵੈ ਰਸਿ ਰਸਾਲ ਰਸਿ ਸਬਦੁ ਰਵਈਆ ॥ ਨਿਜ ਘਰਿ ਧਾਰ ਚੁਐ ਅਤਿ ਨਿਰਮਲ ਜਿਨਿ ਪੀਆ ਤਿਨ ਹੀ ਸੁਖੁ ਲਹੀਆ ॥੬॥** {ਪੰਨਾ 835}

ਪਦਅਰਥ:- ਨਾਚੈ—ਨੱਚਦਾ ਹੈ। ਨਾਚੈ ਸਤਿਗੁਰ ਆਗੈ—ਗੁਰੂ ਦੇ ਅੱਗੇ ਨੱਚਦਾ ਹੈ, ਜਿਧਰ ਗੁਰੂ ਤੋਰੇ ਉਧਰ ਤੁਰਦਾ ਹੈ {ਆਮ ਤੌਰ ਤੇ ਮਨੁੱਖ ਮਾਇਆ ਦੇ ਹੱਥਾਂ ਤੇ ਨੱਚਦਾ ਰਹਿੰਦਾ ਹੈ)। ਅਨਹਦ—{An`hd} ਬਿਨਾ ਵਜਾਏ ਵੱਜਣ ਵਾਲਾ, ਇਕ ਰਸ, ਲਗਾਤਾਰ। ਧੁਨਿ—ਰੌ। ਤੂਰ—ਵਾਜੇ। ਉਸਤਤਿ—ਸਿਫ਼ਤਿ-ਸਾਲਾਹ। ਚਰਣ ਹਰਿ—ਹਰੀ ਦੇ ਚਰਨ। ਰਖਿ ਰਖਿ—ਮੁੜ ਮੁੜ ਰੱਖ ਕੇ, ਹਰ ਵੇਲੇ ਰੱਖ ਕੇ। {ਨੋਟ:- ਤਾਲ-ਸਿਰ ਨੱਚਣ ਵਾਲੇ ਦੇ ਨਾਲ ਰਾਗ ਦੇ ਸਾਜ਼ ਭੀ ਵਜਾਏ ਜਾਂਦੇ ਹਨ। ਗੁਰੂ ਦੀ ਰਜ਼ਾ ਵਿਚ ਤੁਰਨਾ—ਇਹ ਹੈ ਨੱਚਣਾ। ਇਕ-ਰਸ ਸਿਫ਼ਤਿ-ਸਾਲਾਹ ਦੀ ਬਾਣੀ ਦੀ ਲਗਨ—ਇਹ ਹਨ ਵਾਜੇ। ਪ੍ਰਭੂ ਦੀ ਯਾਦ ਹਰ ਵੇਲੇ ਮਨ ਵਿਚ ਵਸਾਈ ਰੱਖਣੀ—ਇਹ ਹੈ ਤਾਲ-ਸਿਰ ਕਦਮ ਚੁੱਕਣੇ}।5।

ਕੈ ਰੰਗਿ—ਦੇ (ਪ੍ਰੇਮ-) ਰੰਗ ਵਿਚ। ਰਤਾ—ਰੰਗਿਆ ਹੋਇਆ। ਰਸਿ—ਸੁਆਦ ਨਾਲ। ਰਸਾਲ—{ਰਸ-ਆਲਯ} ਰਸਾਂ ਦਾ ਸੋਮਾ ਪ੍ਰਭੂ। ਰਸਾਲ ਰਸਿ—ਪਰਮਾਤਮਾ ਦੇ ਪ੍ਰੇਮ ਵਿਚ। ਰਵਿਆ—ਹਿਰਦੇ ਵਿਚ ਵਸਾਈ ਰੱਖਦਾ ਹੈ। ਨਿਜ ਘਰਿ—ਆਪਣੇ (ਹਿਰਦੇ-) ਘਰ ਵਿਚ। ਚੁਐ—ਚੋਂਦੀ ਰਹਿੰਦੀ ਹੈ। ਅਤਿ—ਬਹੁਤ। ਜਿਨਿ—ਜਿਸ (ਮਨੁੱਖ) ਨੇ। ਤਿਨ ਹੀ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਨਿ' ਦੀ 'ਿ' ਉੱਡ ਗਈ ਹੈ} ਉਸ ਨੇ ਹੀ।6।

ਅਰਥ:- ਹੇ ਭਾਈ! (ਜਿਸ ਮਨੁੱਖ ਦਾ) ਇਹ ਮਨ ਜਿਧਰ ਗੁਰੂ ਤੋਰਦਾ ਹੈ ਉਧਰ ਤੁਰਦਾ ਰਹਿੰਦਾ ਹੈ, (ਉਸ ਦੇ ਅੰਦਰ) ਸਿਫ਼ਤਿ-ਸਾਲਾਹ ਦੀ ਬਾਣੀ ਦੀ ਰੌ ਦੇ ਇਕ-ਰਸ (ਮਾਨੋ) ਵਾਜੇ ਵੱਜਦੇ ਰਹਿੰਦੇ ਹਨ। ਉਹ ਮਨੁੱਖ ਦਿਨ ਰਾਤ ਹਰ ਵੇਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ, ਪ੍ਰਭੂ-ਚਰਨਾਂ ਨੂੰ ਹਰ ਵੇਲੇ (ਹਿਰਦੇ ਵਿਚ) ਵਸਾ ਕੇ (ਉਹ ਮਨੁੱਖ ਜੀਵਨ-ਤੋਰ) ਤਾਲ-ਸਿਰ ਤੁਰਦਾ ਰਹਿੰਦਾ ਹੈ।5।

ਹੇ ਭਾਈ! ਪ੍ਰਭੂ ਦੇ (ਪ੍ਰੇਮ-) ਰੰਗ ਵਿਚ ਰੰਗਿਆ ਹੋਇਆ (ਜਿਸ ਮਨੁੱਖ ਦਾ) ਮਨ (ਸਿਫ਼ਤਿ-ਸਾਲਾਹ ਦੇ ਗੀਤ) ਗਾਂਦਾ

ਰਹਿੰਦਾ ਹੈ, ਰਸਾਂ ਦੇ ਸੋਮੇ ਪ੍ਰਭੂ ਦੇ ਪਿਆਰ ਵਿਚ ਸੁਆਦ ਨਾਲ (ਜੋ ਮਨੁੱਖ) ਗੁਰੂ ਦੇ ਸ਼ਬਦ ਨੂੰ ਜਪਦਾ ਰਹਿੰਦਾ ਹੈ, ਉਸ ਮਨੁੱਖ ਦੇ ਹਿਰਦੇ ਵਿਚ (ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੀ) ਬੜੀ ਸਾਫ਼-ਸੁਥਰੀ ਧਾਰ ਚੋਂਦੀ ਰਹਿੰਦੀ ਹੈ। ਜਿਸ ਮਨੁੱਖ ਨੇ (ਇਹ ਨਾਮ-ਜਲ) ਪੀਤਾ ਉਸ ਨੇ ਹੀ ਆਤਮਕ ਆਨੰਦ ਪ੍ਰਾਪਤ ਕੀਤਾ।6।

**ਮਨਹਠਿ ਕਰਮ ਕਰੈ ਅਭਿਮਾਨੀ ਜਿਉ ਬਾਲਕ ਬਾਲੂ ਘਰ ਉਸਰਈਆ ॥ ਆਵੈ ਲਹਰਿ ਸਮੁੰਦ ਸਾਗਰ ਕੀ ਖਿਨ ਮਹਿ ਭਿੰਨ ਭਿੰਨ ਢਹਿ ਪਈਆ ॥੭॥ ਹਰਿ ਸਰੁ ਸਾਗਰੁ ਹਰਿ ਹੈ ਆਪੇ ਇਹੁ ਜਗੁ ਹੈ ਸਭੁ ਖੇਲੁ ਖੇਲਈਆ ॥ ਜਿਉ ਜਲ ਤਰੰਗ ਜਲੁ ਜਲਹਿ ਸਮਾਵਹਿ ਨਾਨਕ ਆਪੇ ਆਪਿ ਰਮਈਆ ॥੮॥੩॥੬॥** {ਪੰਨਾ 835}

ਪਦਅਰਥ:- ਮਨ ਹਠਿ—(ਆਪਣੇ) ਮਨ ਦੇ ਹਠ ਨਾਲ। ਕਰਮ—(ਮਿਥੇ ਹੋਏ ਧਾਰਮਿਕ) ਕੰਮ। ਅਭਿਮਾਨੀ—ਅਹੰਕਾਰੀ (ਹੋ ਜਾਂਦਾ ਹੈ)। ਬਾਲੂ—ਰੇਤ।7।

ਸਰੁ—ਸਰੋਵਰ, ਤਾਲਾਬ। ਸਾਗਰੁ—ਸਮੁੰਦਰ। ਆਪੇ—ਆਪ ਹੀ। ਸਭੁ—ਸਾਰਾ। ਤਰੰਗ—ਲਹਿਰਾਂ। ਜਲਹਿ—ਪਾਣੀ ਵਿਚ ਹੀ {ਜਲਹਿ—ਜਲਿ ਹੀ। ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਜਲਿ' ਦੀ 'ਿ' ਉੱਡ ਗਈ ਹੈ}। ਸਮਾਵਹਿ—ਲੀਨ ਹੋ ਜਾਂਦੀਆਂ ਹਨ।8।

ਅਰਥ:- (ਜਿਹੜਾ ਮਨੁੱਖ ਆਪਣੇ) ਮਨ ਦੇ ਹਠ ਨਾਲ (ਮਿੱਥੇ ਹੋਏ ਧਾਰਮਿਕ) ਕਰਮ ਕਰਦਾ ਰਹਿੰਦਾ ਹੈ, ਉਸ ਨੂੰ (ਆਪਣੇ ਧਰਮੀ ਹੋਣ ਦਾ) ਮਾਣ ਹੋ ਜਾਂਦਾ ਹੈ, (ਉਸ ਦੇ ਇਹ ਉੱਦਮ ਫਿਰ ਇਉਂ ਹੀ ਹਨ) ਜਿਵੇਂ ਬੱਚੇ ਰੇਤ ਦੇ ਘਰ ਉਸਾਰਦੇ ਹਨ, ਸਮੁੰਦਰ ਦੇ ਪਾਣੀ ਦੀ ਲਹਿਰ ਆਉਂਦੀ ਹੈ, ਤੇ, ਉਹ ਘਰ ਇਕ ਖਿਨ ਵਿਚ ਕਿਣਕਾ ਕਿਣਕਾ ਹੋ ਕੇ ਢਹਿ ਜਾਂਦੇ ਹਨ।7।

ਹੇ ਭਾਈ! ਇਹ ਸਾਰਾ ਜਗਤ (ਪਰਮਾਤਮਾ ਨੇ) ਇਕ ਤਮਾਸ਼ਾ ਰਚਿਆ ਹੋਇਆ ਹੈ, ਉਹ ਆਪ ਹੀ (ਜੀਵਨ ਦਾ) ਸਰੋਵਰ ਹੈ, ਸਮੁੰਦਰ ਹੈ (ਸਾਰੇ ਜੀਵ ਉਸ ਸਮੁੰਦਰ ਦੀਆਂ ਲਹਿਰਾਂ ਹਨ)। ਹੇ ਨਾਨਕ! ਜਿਵੇਂ (ਸਮੁੰਦਰ ਦੇ) ਪਾਣੀ ਦੀਆਂ ਲਹਿਰਾਂ (ਸਮੁੰਦਰ ਦਾ) ਪਾਣੀ (ਹੀ ਹਨ) ਪਾਣੀ ਵਿਚ ਹੀ ਮਿਲ ਜਾਂਦੀਆਂ ਹਨ (ਇਸੇ ਤਰ੍ਹਾਂ) ਉਹ ਸੋਹਣਾ ਰਾਮ (ਹਰ ਥਾਂ) ਆਪ ਹੀ ਆਪ ਹੈ।8।3।